# ਪੰਜਾਬ ਵਿਧਾਨ ਸਭਾ ਸਕੱਤਰੇਤ

ਮੰਗਲਵਾਰ, ਮਿਤੀ 06 ਅਗਸਤ, 2019 ਨੂੰ ਹੋਣ ਵਾਲੀ ਪੰਜਾਬ ਵਿਧਾਨ ਸਭਾ ਦੀ ਬੈਠਕ ਵਿਚ ਪੁੱਛੇ ਜਾਣ ਵਾਲੇ ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ।

## ਕੋਟਕਪੂਰਾ ਦੇ ਪਿੰਡ ਢੁੱਡੀ ਦੇ ਛੱਪੜ ਦਾ ਗੰਦਾ ਪਾਣੀ ਸੇਮ ਨਾਲੇ ਵਿਚ ਪਾਉਣਾ

**296. ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.:-** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਵਿਧਾਨ ਸਭਾ ਹਲਕਾ ਕੋਟਕਪੂਰਾ ਅਧੀਨ ਪਿੰਡ ਢੁੱਡੀ ਦੇ ਛੱਪੜ ਦਾ ਗੰਦਾ ਪਾਣੀ ਸੇਮ ਨਾਲੇ ਵਿੱਚ ਪਾਉਣ ਲਈ ਸਾਲ 2005 ਤੋਂ 2018 ਤੱਕ ਸਰਕਾਰ ਵੱਲੋਂ ਕਿੰਨੀ ਗਰਾਂਟ ਜਾਰੀ ਕੀਤੀ ਗਈ ਅਤੇ ਉਸਦੀ ਵਰਤੋਂ ਦਾ ਵੇਰਵਾ ਦਿੱਤਾ ਜਾਵੇ;

ਅ) ਕੀ ਛੱਪੜ ਦਾ ਪਾਣੀ ਸੇਮ ਨਾਲੇ ਵਿੱਚ ਪਾਇਆ ਜਾ ਚੁੱਕਾ ਹੈ;

ੲ) ਜੇਕਰ ਛੱਪੜ ਦਾ ਪਾਣੀ ਸੇਮ ਨਾਲੇ ਵਿੱਚ ਨਹੀਂ ਪਾਇਆ ਤਾਂ ਸਬੰਧਤ ਅਧਿਕਾਰੀਆਂ/ਕਰਮਚਾਰੀਆਂ ਖਿਲਾਫ ਕੀ ਕਾਰਵਾਈ ਕੀਤੀ ਗਈ?

## ਪੰਜਾਬ ਦੇ ਪਿੰਡਾਂ ਦੇ ਛੱਪੜਾਂ ਦੇ ਪਾਣੀ ਦੀ ਨਿਕਾਸੀ

**297. ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.:-** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਪੰਜਾਬ ਦੇ ਪਿੰਡਾਂ ਦੇ ਛੱਪੜਾਂ ਦੇ ਪਾਣੀ ਦੀ ਨਿਕਾਸੀ ਲਈ ਪੰਜਾਬ ਸਰਕਾਰ ਕੋਈ ਨਵੀਂ ਪਾਲਿਸੀ ਲੈ ਕੇ ਆ ਰਹੀ ਹੈ; ਜੇਕਰ ਸਰਕਾਰ ਨੇ ਕੋਈ ਪਾਲਿਸੀ ਬਣਾਈ ਹੈ ਤਾਂ ਵੇਰਵਾ ਦੱਸਿਆ ਜਾਵੇ?

## ਪੁਲਿਸ ਕਸਟੱਡੀ ਵਿਚ ਹੋਈਆਂ ਮੌਤਾਂ ਸਬੰਧੀ ਕਾਰਵਾਈ

**298. ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.:-** ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਪੰਜਾਬ ਵਿੱਚ ਅਪ੍ਰੈਲ 2017 ਤੋਂ 30 ਜੂਨ 2019 ਤੱਕ ਪੁਲਿਸ ਕਸਟੱਡੀ ਵਿੱਚ ਕਿੰਨੀਆਂ ਮੌਤਾਂ ਹੋ ਚੁੱਕੀਆਂ ਹਨ;

ਅ) ਕੀ ਇਨ੍ਹਾਂ ਮੌਤਾਂ ਦੇ ਦੋਸ਼ੀ ਪੁਲਿਸ ਅਧਿਕਾਰੀਆਂ/ਕਰਮਚਾਰੀਆਂ ਖਿਲਾਫ ਕੋਈ ਕਾਰਵਾਈ ਕੀਤੀ ਗਈ ਹੈ;

ੲ) ਜੇਕਰ ਦੋਸ਼ੀ ਅਧਿਕਾਰੀਆਂ/ਕਰਮਚਾਰੀਆਂ ਖਿਲਾਫ ਕਾਰਵਾਈ ਕੀਤੀ ਗਈ ਹੈ ਤਾਂ ਉਸ ਦਾ ਵੇਰਵਾ ਦਿੱਤਾ ਜਾਵੇ?

## ਸਰਕਾਰੀ ਜ਼ਮੀਨ ਤੇ ਹੋ ਰਹੇ ਨਜਾਇਜ਼ ਕਬਜਿਆਂ ਨੂੰ ਰੋਕਣਾ

**299. ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.:-** ਕੀ ਮਾਲ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਖਸਰਾ ਨੰਬਰ 1316, 1318 ਵਾਕਿਆ ਰਕਬਾ ਕੋਟਕਪੂਰਾ, ਤਹਿਸੀਲ ਕੋਟਕਪੂਰਾ ਜ਼ਿਲ੍ਹਾ ਫਰੀਦਕੋਟ ਦੀ ਸਰਕਾਰੀ ਜਮੀਨ ਉੱਪਰ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਸਟੇਅ ਆਰਡਰ ਹੋਣ ਦੇ ਬਾਵਜੂਦ ਕਿਸ ਦੀ ਮਨਜ਼ੂਰੀ ਨਾਲ ਲਗਾਤਾਰ ਨਜਾਇਜ ਕਬਜੇ ਹੋ ਰਹੇ ਹਨ;

ਅ) ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਨਜਾਇਜ ਕਬਜਿਆਂ ਵਿਰੁੱਧ ਸਟੇਅ ਆਰਡਰ ਹੋਣ ਤੋਂ ਬਾਅਦ ਕਿੰਨੇ ਲੋਕਾਂ ਨੇ ਸਟੇਅ ਆਰਡਰ ਦੀ ਅਣਦੇਖੀ ਕਰਕੇ ਨਜਾਇਜ ਕਬਜੇ ਕੀਤੇ ਹਨ;

ੲ) ਪੰਜਾਬ ਸਰਕਾਰ ਨੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਜਾਰੀ ਕੀਤੇ ਸਟੇਅ ਆਰਡਰ ਤੋਂ ਬਾਅਦ ਸਰਕਾਰੀ ਪ੍ਰਾਪਰਟੀ ਬਚਾਉਣ ਲਈ ਕੀ ਕਾਰਵਾਈ ਕੀਤੀ ਹੈ?

ਚੰਡੀਗੜ੍ਹ
ਮਿਤੀ 04 ਅਗਸਤ, 2019

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ,
ਪੰਜਾਬ ਵਿਧਾਨ ਸਭਾ।

ਸੁਪਰਡੰਟ
ਪੰਜਾਬ ਵਿਧਾਨ ਸਭਾ
ਚੰਡੀਗੜ੍ਹ